# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13-10**

**ਮਿਤੀ : 18-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਸਪਸ਼ਟ ਕੀਤਾ ਏ ਕਿ ਭਾਰਤ ਨੇ ਕਦੇ ਵੀ ਤੀਜੀ ਧਿਰ ਦੀ ਵਿਚੋਲਗੀ ਨੂੰ ਸਵੀਕਾਰ ਨਹੀਂ ਕੀਤਾ ਤੇ ਨਾ ਹੀ ਪਾਕਿਸਤਾਨ ਨਾਲ ਮੁੱਦਿਆਂ ਨੂੰ ਹੱਲ ਕਰਨ ਲਈ ਇਸ ਨੂੰ ਕਦੇ ਸਵੀਕਾਰ ਕਰੇਗਾ। ਉਨਾਂ ਰਾਸ਼ਟਰਪਤੀ ਟਰੰਪ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ ਤੇ ਆਪ੍ਰੇਸ਼ਨ ਸਿੰਦੂਰ 'ਤੇ ਚਰਚਾ ਕਰਦਿਆਂ  ਉਨ੍ਹਾਂ ਨੂੰ ਸਪੱਸ਼ਟ ਤੌਰ 'ਤੇ ਦੱਸਿਆ ਕਿ ਭਾਰਤ-ਅਮਰੀਕਾ ਵਪਾਰ ਸਮਝੌਤੇ ਤੇ ਅਮਰੀਕਾ ਦੁਆਰਾ ਹਾਲ ਹੀ ਵਿਚ ਫੌਜੀ ਕਾਰਵਾਈ ਨੂੰ ਰੋਕਣ ਲਈ ਭਾਰਤ ਤੇ ਪਾਕਿਸਤਾਨ ਵਿਚਕਾਰ ਵਿਚੋਲਗੀ 'ਤੇ ਕਦੇ ਵੀ ਕਿਸੇ ਪੱਧਰ 'ਤੇ ਗੱਲਬਾਤ ਨਹੀਂ ਹੋਈ। ਉਨ੍ਹਾਂ ਅੱਗੇ ਕਿਹਾ ਕਿ ਫੌਜੀ ਕਾਰਵਾਈ ਨੂੰ ਰੋਕਣ ਸੰਬੰਧੀ ਗੱਲਬਾਤ ਨਵੀਂ ਦਿੱਲੀ ਤੇ ਇਸਲਾਮਾਬਾਦ ਵਿਚਕਾਰ ਸਿੱਧੇ ਤੌਰ 'ਤੇ ਦੋਵਾਂ ਫੌਜਾਂ ਵਿਚਕਾਰ ਸਥਾਪਤ ਮੌਜੂਦਾ ਚੈਨਲਾਂ ਤਹਿਤ ਹੋਈ ਸੀ ਤੇ ਇਹ ਪਾਕਿਸਤਾਨ ਦੀ ਬੇਨਤੀ 'ਤੇ ਕੀਤੀ ਗਈ ਸੀ। ਪ੍ਰਧਾਨ ਮੰਤਰੀ ਦੀਆਂ ਇਹ ਟਿੱਪਣੀਆਂ

ਅਮਰੀਕੀ ਰਾਸ਼ਟਰਪਤੀ ਵਲੋਂ ਭਾਰਤ ਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਦਾ ਸਿਹਰਾ ਲੈਣ ਦੇ ਵਾਰ-ਵਾਰ ਦਾਅਵਿਆਂ ਤੋਂ ਬਾਅਦ ਆਈਆਂ ਨੇ, ਜਿਸ ਨੂੰ ਨਵੀਂ ਦਿੱਲੀ ਨੇ ਪਹਿਲਾਂ ਵੀ ਸਪੱਸ਼ਟ ਤੌਰ 'ਤੇ ਨਕਾਰ ਦਿੱਤਾ ਸੀ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਦੱਸਿਆ ਏ ਕਿ 35 ਮਿੰਟ ਦੀ ਗੱਲਬਾਤ ਦੌਰਾਨ ਪ੍ਰਧਾਨ ਮੰਤਰੀ  ਨੇ ਜ਼ੋਰ ਦੇ ਕੇ ਕਿਹਾ ਏ ਕਿ ਨਵੀਂ ਦਿੱਲੀ ਹੁਣ ਦਹਿਸ਼ਤਗਰਦੀ ਦੀਆਂ ਕਾਰਵਾਈਆਂ ਨੂੰ ਯੁੱਧ ਦੀਆਂ ਕਾਰਵਾਈਆਂ ਵਜੋਂ ਮੰਨੇਗੀ ।

------------------------------------------------------------

ਭਾਰਤ ਤੇ ਕੈਨੇਡਾ ਇਕ ਦੂਜੇ ਦੀਆਂ ਰਾਜਧਾਨੀਆਂ ਵਿੱਚ ਹਾਈ ਕਮਿਸ਼ਨਰਾਂ ਨੂੰ ਬਹਾਲ ਕਰਨ ਲਈ ਸਹਿਮਤ ਹੋ ਗਏ ਨੇ । ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਨਾਨਾਸਕਿਸ ਵਿਚ G7 ਸੰਮੇਲਨ ਮੌਕੇ ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਨਾਲ ਮੁਲਾਕਾਤ ਕੀਤੀ ਤੇ ਦੋਵਾਂ ਨੇਤਾਵਾਂ ਨੇ ਸਾਂਝੇ ਲੋਕਤੰਤਰੀ ਮੁੱਲਾਂ, ਕਾਨੂੰਨ ਦੇ ਸ਼ਾਸਨ ਲਈ ਸਤਿਕਾਰ, ਪ੍ਰਭੂਸੱਤਾ ਤੇ ਖੇਤਰੀ ਅਖੰਡਤਾ ਦੇ ਸਿਧਾਂਤਾਂ ਨੂੰ ਕਾਇਮ ਰੱਖਣ ਦੀ ਵਚਨਬੱਧਤਾ 'ਤੇ ਅਧਾਰਤ ਭਾਰਤ-ਕੈਨੇਡਾ ਸਬੰਧਾਂ ਦੀ ਮਹੱਤਤਾ ਦੀ ਪੁਸ਼ਟੀ ਕੀਤੀ । ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਦੋਵਾਂ ਨੇਤਾਵਾਂ ਨੇ ਭਾਰਤ-ਕੈਨੇਡਾ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਆਪਸੀ

ਇੱਛਾ 'ਤੇ ਚਰਚਾ ਕੀਤੀ, ਜਿਸ ਵਿਚ ਹਾਲ ਹੀ ਵਿੱਚ ਤਣਾਅ ਦੇਖਿਆ ਗਿਆ ਏ । ਦੋਵੇਂ ਆਗੂ ਵਪਾਰ, ਲੋਕਾਂ-ਤੋਂ-ਲੋਕ ਦੇ ਸੰਪਰਕ 'ਤੇ ਸੀਨੀਅਰ-ਪੱਧਰੀ ਗੱਲਬਾਤ ਮੁੜ ਸ਼ੁਰੂ ਕਰਨ 'ਤੇ ਵੀ ਸਹਿਮਤ ਹੋਏ।

---------------------------------------------------------

ਬੀ.ਐਸ.ਐਫ. ਨੇ ਪੰਜਾਬ ਪੁਲਿਸ ਨਾਲ ਮਿਲ ਕੇ ਤਿੰਨ ਤਸਕਰਾਂ ਨੂੰ ਨਸ਼ੀਲੇ ਪਦਾਰਥਾਂ ਤੇ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ ਏ ਜਦਕਿ ਪੰਜਾਬ ਸਰਹੱਦ 'ਤੇ ਹੋਰ ਕਾਰਵਾਈਆਂ ਵਿੱਚ ਦੋ ਡਰੋਨ, ਪਿਸਤੌਲ ਦੇ ਪੁਰਜ਼ੇ ਤੇ ਹੈਰੋਇਨ ਬਰਾਮਦ ਕੀਤੇ ਗਏ ਨੇ । ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਰਾਜਾ ਰਾਏ ਦੇ ਇਕ ਸ਼ੱਕੀ ਘਰ 'ਤੇ ਕੀਤੀ ਸਾਂਝੀ ਛਾਪੇਮਾਰੀ ਦੌਰਾਨ ਤਿੰਨ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ । ਉਨ੍ਹਾਂ ਦੇ ਕਬਜ਼ੇ ਵਿੱਚੋਂ ਅੱਧੇ ਕਿਲੋ ਤੋਂ ਵੱਧ ਹੈਰੋਇਨ ਤੇ ਪੰਜ ਮੋਬਾਈਲ ਫੋਨ ਵੀ ਜ਼ਬਤ ਕੀਤੇ ਗਏ । ਤਿੰਨਾਂ ਨੂੰ ਅਗਲੀ ਕਾਰਵਾਈ ਲਈ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ । ਤਿੰਨ ਹੋਰ ਤਲਾਸ਼ੀਆਂ ਵਿੱਚ ਬੀਐਸਐਫ ਨੇ ਤਰਨ ਤਾਰਨ ਸੈਕਟਰ ਵਿੱਚ ਇੱਕ ਡਰੋਨ ਨੂੰ ਰੋਕਿਆ ਤੇ ਗੋਲੀ ਮਾਰ ਦਿੱਤੀ ਤੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਦੋ ਹੋਰ ਡਰੋਨਾਂ ਨੂੰ ਪਿਸਤੌਲ ਦੇ ਪੁਰਜ਼ੇ ਤੇ ਹੈਰੋਇਨ ਸਮੇਤ ਜ਼ਬਤ ਕੀਤਾ, ਜਿਸ ਬਾਰੇ ਸਮਝਿਆ ਜਾ ਰਿਹਾ ਏ ਕਿ ਡਰੋਨ ਸਰਹੱਦ ਪਾਰ ਤੋਂ ਸੁੱਟੇ ਗਏ ਸਨ।

---------------------------------------------------

ਪੰਜਾਬ ਪੁਲਿਸ ਦੇ ਰਾਜ ਸਾਈਬਰ ਕ੍ਰਾਈਮ ਡਿਵੀਜ਼ਨ ਨੇ ਪੰਚਕੂਲਾ ਤੇ ਅਬੋਹਰ ਤੋਂ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਨਿਵੇਸ਼ ਧੋਖਾਧੜੀ ਵਿਚ ਸ਼ਾਮਲ ਇਕ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕੀਤਾ ਏ। ਇਸ ਬਾਰੇ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਹ ਗਿਰੋਹ ਟੈਲੀਗ੍ਰਾਮ ਤੇ ਵਟਸਐਪ ਗਰੁੱਪਾਂ ਰਾਹੀਂ ਸਟਾਕ ਮਾਰਕੀਟ ਨਿਵੇਸ਼ ਵਿੱਚ ਵੱਡੇ ਮੁਨਾਫ਼ੇ ਦੀ ਪੇਸ਼ਕਸ਼ ਦਾ ਛਲਾਵਾ ਦੇ ਕੇ ਭੋਲੇਭਾਲੇ ਲੋਕਾਂ ਨੂੰ ਆਪਣੇ ਜਾਲ ਵਿੱਚ ਫਸਾਉਂਦਾ ਸੀ। ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਪੰਚਕੂਲਾ ਤੋਂ ਵਰੁਣ ਕੁਮਾਰ ਤੇ ਅਬੋਹਰ ਤੋਂ ਸਾਹਿਲ ਸੇਠੀ ਵਜੋਂ ਹੋਈ ਏ । ਡੀ.ਜੀ.ਪੀ. ਨੇ ਕਿਹਾ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ 14 ਰਾਜਾਂ ਵਿੱਚ ਲਗਭਗ 34 ਹੋਰ ਅਜਿਹੀਆਂ ਸਾਈਬਰ ਧੋਖਾਧੜੀ ਸ਼ਿਕਾਇਤਾਂ ਵਿੱਚ ਵੀ ਸ਼ਾਮਲ ਨੇ, ਜਿਨ੍ਹਾਂ ਵੱਲੋਂ ਕੀਤੇ ਘੁਟਾਲੇ ਦੀ ਕੁੱਲ ਰਕਮ 8 ਕਰੋੜ ਰੁਪਏ ਤੋਂ ਵੱਧ ਏ । ਉਨ੍ਹਾਂ ਇਹ ਵੀ ਕਿਹਾ ਕਿ ਵਰਚੁਅਲ ਮੋਬਾਈਲ ਨੰਬਰਾਂ ਤੇ ਇਨ੍ਹਾਂ ਧੋਖਾਧੜੀਆਂ ਲਈ ਜਿੰਮੇਵਾਰ ਵਿਆਪਕ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ ਏ ।

---------------------------------------------------

ਸੂਬੇ ਵਿਚ ਪਸ਼ੂਧਨ ਦੀ ਨਰੋਈ ਸਿਹਤ ਲਈ ਕੀਤੇ ਜਾ ਰਹੇ ਯਤਨਾਂਤਹਿਤ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਨੇ ਮੂੰਹਖੁਰ ਦੀ ਬਿਮਾਰੀ ਤੋਂ ਬਚਾਅ ਲਈ ਟੀਕਾਕਰਨ ਮੁਹਿੰਮ ਅਧੀਨ 57 ਲੱਖ ਤੋਂ ਵੱਧ ਪਸ਼ੂਧਨ ਦਾ ਸਫ਼ਲਤਾਪੂਰਕ ਟੀਕਾਕਰਨ ਕੀਤਾ ਗਿਆ ਏ । ਇਸ ਬਾਰੇ ਪਸ਼ੂ ਪਾਲਣ, ਡੇਅਰੀ ਵਿਕਾਸ ਤੇ ਮੱਛੀ ਪਾਲਣ ਮੰਤਰੀ ਗੁਰਮੀਤਸਿੰਘ ਖੁੱਡੀਆਂ ਨੇ ਦੱਸਿਆ ਕਿ 57 ਲੱਖ 84 ਹਾਜ਼ਰ ਤੋਂ ਵੱਧ ਪਸ਼ੂਆਂ ਦਾ ਟੀਕਾਕਰਨ ਕੀਤਾ ਗਿਆ ਏ, ਜਿਸ ਨਾਲ ਸੂਬੇ 'ਚ  ਗਾਵਾਂਤੇ ਮੱਝਾਂ ਨੂੰ ਵੈਕਸੀਨ ਲਗਾਈ ਗਈ । ਇਸ ਮੁਹਿੰਮ ਤਹਿਤ ਵਿਆਪਕ ਪਹੁੰਚ ਨੂੰ ਯਕੀਨੀ ਬਣਾਉਣ ਲਈ ਪਸ਼ੂ ਪਾਲਕਾਂ ਕੋਲ ਜਾ ਕੇ ਪਸ਼ੂਆਂ ਨੂੰ ਮੁਫ਼ਤ ਟੀਕਾ ਲਾਇਆ ਗਿਆ ਏ । ਇਸ ਵਿਸ਼ਾਲ ਮੁਹਿੰਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਲਗਭਗ 900 ਵੈਟਰਨਰੀ ਟੀਮਾਂ ਨੂੰ ਇਸ ਕਾਰਜ ਵਿੱਚ ਲਾਇਆ ਗਿਆ ਸੀ । ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪਸ਼ੂਧਨ ਦੀ ਸਿਹਤ ਦੀ ਸੁਰੱਖਿਆ ਲਈ ਨਿਰੰਤਰ ਕੰਮ ਕਰ ਰਹੀ ਏ ।

---------------------------------------------------

ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ (ਐਨ.ਆਈ.ਟੀ.) ਜਲੰਧਰ ਵਲੋਂ ਸਿੱਖਿਆ ਸੰਸਕ੍ਰਿਤੀ ਉੱਥਾਨ ਨਿਆਸ

(ਐਸ.ਐਸ.ਯੂ.ਐਨ.) ਨਵੀਂ ਦਿੱਲੀ ਦੇ ਸਹਿਯੋਗ ਨਾਲ ਰਾਸ਼ਟਰੀ ਸਿੱਖਿਆ ਨੀਤੀ 2020" ਵਿਸ਼ੇ 'ਤੇ ਰਾਸ਼ਟਰੀ ਵਰਕਸ਼ਾਪ ਕਾਰਵਾਈ ਗਈ। ਵਰਕਸ਼ਾਪ ਦਾ ਉਦੇਸ਼ ਰਾਸ਼ਟਰੀ ਸਿੱਖਿਆ ਨੀਤੀ ਦੇ ਪਰਿਵਰਤਨਸ਼ੀਲ ਟੀਚਿਆਂ 'ਤੇ ਵਿਚਾਰ-ਵਟਾਂਦਰਾ ਕਰਨਾ ਤੇ ਤਕਨੀਕੀ ਸਿੱਖਿਆ ਚ ਇਸ ਦੇ ਲਾਗੂ ਕਰਨ ਲਈ ਕਾਰਜਸ਼ੀਲ ਰਣਨੀਤੀਆਂ ਦੀ ਪੜਚੋਲ ਕਰਨਾ ਸੀ। ਇਸ ਮੌਕੇ ਐਨ.ਆਈ.ਟੀ. ਦੇ ਡਾਇਰੈਕਟਰ ਪ੍ਰੋ. ਬੀ. ਕੇ. ਕਨੌਜੀਆ ਨੇ ਕਿਹਾ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਪ੍ਰਾਪਤ ਕਰਨ ਵਿੱਚ ਸਿੱਖਿਆ ਇੱਕ ਮਹੱਤਵਪੂਰਨ ਭੂਮਿਕਾ ਨਿਭਾਏਗੀ । ਉਨ੍ਹਾਂ ਅੱਗੇ ਕਿਹਾ, ਐਨ.ਆਈ.ਟੀ. ਜਲੰਧਰ ਰਾਸ਼ਟਰੀ ਸਿੱਖਿਆ ਨੀਤੀ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਕੇ ਇਸ ਰਾਸ਼ਟਰੀ ਉਦੇਸ਼ ਨੂੰ ਸਾਕਾਰ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਿਹਾ ਏ ।